# LED BY CM, CABINET APPROVES NEW EXCISE POLICY 2025-26

**NEW POLICY AIMS TO GENERATE EXCISE REVENUE OF RS. 11020 CRORES WITH AN INCREASE OF 8.61% AS COMPARED TO LAST YEAR**

**EXCISE COLLECTION WITNESSES STEADY SURGE IN STATE DURING THE BHAGWANT MANN REGIME**

**COLLECTION WAS MERELY RS 4405 CRORE IN AKALI REGIME AND RS 6254 CRORE IN CONGRESS RULE**

Chandigarh, February 27:

The Punjab Cabinet led by the Chief Minister Bhagwant Singh Mann gave nod to the Excise policy 2025-26 which aims to collect excise revenue of Rs. 11020 crores during the financial year 2025-26, projecting an increase of Rs. 874.05 crores (8.61%) over the previous financial year's targets.

A decision to this effect was taken by the Council of Ministers in a meeting held under the chairmanship of the Chief Minister here at his official residence today.

Disclosing this here today a spokesperson of the Chief Minister's Office said that against the target of Rs 10,145 crore set during the Excise policy 2024-25, the state government has collected Rs 10,200 crore, so far. Excise collection is witnessing steady surge in the state during the current regime as for the first time the collection has crossed the mark of Rs 10,000 crores. It is worth mentioning that the collection from Excise in the last year of SAD-BJP alliance was Rs 4405 crore and in last year of Congress regime was merely Rs 6254 crore.

The new policy stipulates that in order to balance the existing retail trade and to provide opportunity to ensure better and widespread participation, fresh allotment of L-2/L-14A vends for the financial year 2025-26 will be done through e-tender. The group size for the year 2025-26 has been kept at Rs. 40 crores. In order to mobilize additional revenue and to ensure enough availability of country liquor, the quota of country liquor (Punjab Medium Liquor) in the financial year 2025-26 has been kept at 8.534 crores proof litres i.e increase of 3% over the previous financial year.

There will be no increase in Country Liquor rates in the financial year 2025-26. In order to give relief to defence forces, the license fee of their wholesale license

has been reduced by 50% from Rs.5 lakhs to Rs.2.5 lakhs. In order to promote tourism, the possession limit of license holder of farm stays has been increased from 12 quarts of Indian Made Foreign Liquor (IMFL) to 36 quarts of IMFL with increase in possession quantity of Beer, Wine, Gin, Vodka, brandy, RTD and other liquor products. To give better consumer experience, one Model Shop in each group has been made mandatory for retail licensees in Municipal Corporation Areas.

The fee of Standalone Beer shops has been reduced from Rs. 2 lakh per shop to Rs. 25,000 per shop. To promote new investment in the State, new Bottling plants have been allowed to be set up in Punjab. Likewise, Cow Welfare Fee has been increased by 50% from Rs. 1 per PL to Rs. 1.5 per PL. With this, collection of Cow Welfare Fee will increase from Rs. 16 crores to Rs. 24 crores. To strengthen enforcement, there is a proposal to set up Excise Police Stations in the coming financial year. To promote ease of doing business, the liquor brands where no increase in EDP is there, automatic approval of these brands through e-abkari portal has been introduced.

GIVES NOD TO CONSTITUTE "PUNJAB TIRTH YATRA SAMITI"

The Cabinet also gave the nod to constitute "Punjab Tirth Yatra Samiti" with the aim of providing convenient pilgrimage to the residents of Punjab by air, rail, road or any other possible mode in coordination with various departments under the Mukh Mantri Tirth Yatra Scheme. It is pertinent to mention that the Mukh Mantri Tirth Yatra Scheme was launched by the Punjab Government during the year 2023-24 under which around 34000 pilgrims were facilitated to travel to various religious places by train/buses. The Punjab Tirth Yatra Samiti will work to carry out the travel arrangements under the scheme efficiently and smoothly.

PICTC DESIGNATED AS THE SOLE PROVIDER OF DIGITAL SIGNATURES FOR GOVERNMENT DEPARTMENTS AND ORGANIZATIONS

The Cabinet also approved designating the Punjab Information & Communication Technology Corporation Ltd. (PICTC) as the sole provider of digital signatures for government departments and organizations. The Corporation has also been designated for procurement of IT and ITeG and services in keeping with the provisions of Punjab Transparency in Public Procurement Act, 2019. Furthermore, the bifurcation of responsibilities between the Department of Good Governance and Information Technology (earlier known as Department of Governance Reforms) and Punjab Infotech has been formalized. These approvals are expected to improve governance and procurement processes,

foster digital transformation, and promote the effective delivery of public services.

## GIVES GREEN SIGNAL TO ADOPT WATER (PREVENTION AND CONTROL OF POLLUTION) AMENDMENT ACT, 2024

The Cabinet also gave green signal to adopt the Water (Prevention and Control of Pollution) Amendment Act, 2024 enacted by the Parliament of India Rajasthan in pursuance of clause (1) of Article 252 of the Constitution of India read with clause (2) thereof. The Act has replaced Criminal liability with financial penalties and it stipulates that the contravention or non-compliance of the Act would be dealt through imposition of financial penalty through an Adjudicating Officer. The provisions of the Water (Prevention and Control of Pollution) Amendment Act, 2024 are progressive in nature, hence adopted by the State of Punjab as it will decriminalize and rationalize the minor offences to enhance trust-based governance for ease of living and doing business.

## ACCORDS APPROVAL TO AMENDMENTS IN THE PUNJAB REGISTRATION OF BIRTHS AND DEATHS (AMENDMENT) RULES, 2025

In order to streamline the work of registration of births and deaths in the state, the Cabinet also gave green signal to several amendments in the Punjab Registration of Births and Deaths (Amendment) Rules, 2025. Pertinently, keeping in view the amendment in Registration of Births and Deaths Act, 1969 as Registration of Births and Deaths (Amendment) Act, 2023 by the Central Government, the State Government had prepared the Punjab Registration of Births and Deaths (Amendment) Rules, 2025 on the basis of Model Registration of Births and Deaths (Amendment) Rules, 2024 sent by the Central Government. This will bring uniformity in the Act and facilitate the general public in a big way.

## OKAYS ANNUAL ADMINISTRATIVE REPORT OF PUNJAB STATE COMMISSION FOR NRI'S

The Cabinet also gave consent to the Annual Administrative Report with audit report of the Punjab State Commission for NRI's for the year 2022-23.

## APPROVES POST OF OSD (LITIGATION)

The Cabinet also gave nod to the creation of one temporary post of Officer on Special Duty (Litigation) in the Department of Personnel.

-------------

# ਮੁੱਖ ਮੰਤਰੀ ਦਫ਼ਤਰ, ਪੰਜਾਬ

**ਮੁੱਖ ਮੰਤਰੀ ਦੀ ਅਗਵਾਈ ’ਚ ਵਜ਼ਾਰਤ ਨੇ ਨਵੀਂ ਆਬਕਾਰੀ ਨੀਤੀ-2025-26 ’ਤੇ ਮੋਹਰ ਲਾਈ**

**ਨਵੀਂ ਆਬਕਾਰੀ ਨੀਤੀ ਵਿੱਚ ਬੀਤੇ ਸਾਲ ਨਾਲੋਂ 8.61 ਫੀਸਦੀ ਦਾ ਵਾਧਾ ਕਰਕੇ 11020 ਕਰੋੜ ਰੁਪਏ ਦਾ ਆਬਕਾਰੀ ਮਾਲੀਆ ਇਕੱਤਰ ਕਰਨ ਦਾ ਟੀਚਾ**

**ਭਗਵੰਤ ਮਾਨ ਸਰਕਾਰ ਦੌਰਾਨ ਸੂਬੇ ਵਿੱਚ ਦ੍ਰਿੜ੍ਹਤਾ ਨਾਲ ਵਧ ਰਿਹਾ ਆਬਕਾਰੀ ਮਾਲੀਆ**

**ਅਕਾਲੀ ਸਰਕਾਰ ਮੌਕੇ ਸਿਰਫ 4405 ਕਰੋੜ ਰੁਪਏ ਜਦਕਿ ਕਾਂਗਰਸ ਸਰਕਾਰ ਮੌਕੇ 6254 ਕਰੋੜ ਰੁਪਏ ਦਾ ਮਾਲੀਆ ਹੁੰਦਾ ਸੀ ਇਕੱਠਾ**

**ਚੰਡੀਗੜ੍ਹ**, 27 **ਫਰਵਰੀ**:

**ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਮੰਤਰੀ ਮੰਡਲ ਨੇ ਸਾਲ** 2025-26 **ਲਈ ਆਬਕਾਰੀ ਨੀਤੀ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਇਸ ਨੀਤੀ ਦਾ ਉਦੇਸ਼ ਸਾਲ** 2025-26 **ਦੌਰਾਨ** 11020 **ਕਰੋੜ ਰੁਪਏ ਦਾ ਆਬਕਾਰੀ ਮਾਲੀਆ ਇਕੱਠਾ ਕਰਨਾ ਹੈ ਜੋ ਕਿ ਬੀਤੇ ਵਿੱਤੀ ਸਾਲ ਦੇ ਮੁਕਾਬਲੇ** 874.05 **ਕਰੋੜ ਰੁਪਏ** (8.61 **ਫੀਸਦੀ**) **ਵੱਧ ਹੈ।**

**ਇਸ ਬਾਰੇ ਫੈਸਲਾ ਅੱਜ ਇੱਥੇ ਮੁੱਖ ਮੰਤਰੀ ਦੀ ਅਗਵਾਈ ਵਿੱਚ ਉਨ੍ਹਾਂ ਦੀ ਸਰਕਾਰੀ ਰਿਹਾਇਸ਼ ਉਤੇ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ।**

**ਇਹ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਦਫ਼ਤਰ ਦੇ ਇਕ ਬੁਲਾਰੇ ਨੇ ਦੱਸਿਆ ਕਿ ਸਾਲ** 2024-25 **ਦੀ ਆਬਕਾਰੀ ਨੀਤੀ ਦੌਰਾਨ** 10,145 **ਕਰੋੜ ਰੁਪਏ ਦਾ ਟੀਚਾ ਮਿੱਥਿਆ ਗਿਆ ਸੀ ਅਤੇ ਸੂਬਾ ਸਰਕਾਰ ਹੁਣ ਤੱਕ** 10,200 **ਕਰੋੜ ਰੁਪਏ ਦਾ ਮਾਲੀਆ ਇਕੱਤਰ ਕਰ ਚੁੱਕੀ ਹੈ। ਮੌਜੂਦਾ ਸਰਕਾਰ ਦੌਰਾਨ ਸੂਬੇ ਦੇ ਆਬਕਾਰੀ ਮਾਲੀਏ ਵਿੱਚ ਦ੍ਰਿੜ੍ਹਤਾ ਨਾਲ ਵਾਧਾ ਹੋ ਰਿਹਾ ਹੈ ਕਿਉਂ ਜੋ ਪਹਿਲੀ ਵਾਰ ਆਬਕਾਰੀ ਮਾਲੀਆ** 10,000 **ਕਰੋੜ ਰੁਪਏ ਨੂੰ ਪਾਰ ਕਰ ਚੁੱਕਾ ਹੈ। ਇੱਥੇ ਇਹ ਦੱਸਣਯੋਗ ਹੈ ਕਿ ਅਕਾਲੀ-ਭਾਜਪਾ ਸਰਕਾਰ ਦੇ ਆਖਰੀ ਸਾਲ ਆਬਕਾਰੀ ਮਾਲੀਆ ਸਿਰਫ** 4405 **ਕਰੋੜ ਰੁਪਏ ਜਦਕਿ ਪਿਛਲੀ ਕਾਂਗਰਸ ਸਰਕਾਰ ਦੇ ਅਖੀਰਲੇ ਸਾਲ ਦੌਰਾਨ ਆਬਕਾਰੀ ਤੋਂ ਮਹਿਜ਼** 6254 **ਕਰੋੜ ਰੁਪਏ ਦਾ ਮਾਲੀਆ ਇਕੱਠਾ ਹੋਇਆ ਸੀ।**

**ਨਵੀਂ ਨੀਤੀ ਵਿੱਚ ਇਹ ਵੀ ਵਿਵਸਥਾ ਕੀਤੀ ਗਈ ਹੈ ਕਿ ਮੌਜੂਦਾ ਰਿਟੇਲ ਕਾਰੋਬਾਰ ਨੂੰ ਸੰਤੁਲਿਤ ਕਰਨ ਲਈ ਅਤੇ ਬਿਹਤਰ ਤੇ ਵਿਆਪਕ ਭਾਈਵਾਲੀ ਨੂੰ ਯਕੀਨੀ ਬਣਾਉਣ ਦਾ ਮੌਕਾ ਪ੍ਰਦਾਨ ਕਰਨ ਲਈ**

ਸਾਲ 2025-26 ਲਈ ਐਲ-2/ਐਲ-14ਏ ਰਿਟੇਲ ਠੇਕਿਆਂ ਦੀ ਨਵੀਂ ਅਲਾਟਮੈਂਟ ਈ-ਟੈਂਡਰ ਰਾਹੀਂ ਕੀਤੀ ਜਾਵੇਗੀ। ਸਾਲ 2024-25 ਲਈ ਗਰੁੱਪ ਦਾ ਆਕਾਰ 40 ਕਰੋੜ ਰੱਖਿਆ ਗਿਆ ਹੈ। ਵਾਧੂ ਮਾਲੀਆ ਜੁਟਾਉਣ ਅਤੇ ਦੇਸੀ ਸ਼ਰਾਬ (ਪੰਜਾਬ ਮੀਡੀਅਮ ਲਿਕਰ) ਦੇ ਕੋਟੇ ਵਿੱਚ ਪਿਛਲੇ ਸਾਲ ਨਾਲੋਂ ਤਿੰਨ ਫੀਸਦੀ ਦਾ ਵਾਧਾ ਕੀਤਾ ਗਿਆ ਹੈ ਜਿਸ ਤੋਂ ਭਾਵ ਇਸ ਦੇਸੀ ਸ਼ਰਾਬ ਦਾ ਕੋਟਾ 8.534 ਕਰੋੜ ਪਰੂਫ ਲਿਟਰ ਰੱਖਿਆ ਗਿਆ ਹੈ। ਆਬਕਾਰੀ ਨੀਤੀ, 2025-26 ਵਿੱਚ ਦੇਸੀ ਸ਼ਰਾਬ ਦੀਆਂ ਦਰਾਂ ਵਿੱਚ ਵਾਧਾ ਨਹੀਂ ਕੀਤਾ ਗਿਆ। ਭਾਰਤੀ ਫੌਜ ਅਤੇ ਸੈਨਿਕ ਬਲਾਂ ਨੂੰ ਰਾਹਤ ਦੇਣ ਲਈ ਉਨ੍ਹਾਂ ਦੇ ਥੋਕ ਲਾਇਸੈਂਸ ਦੀ ਲਾਇਸੈਂਸ ਫੀਸ 50 ਫੀਸਦੀ ਘਟਾ ਦਿੱਤੀ ਗਈ ਹੈ ਜੋ ਹੁਣ ਪੰਜ ਲੱਖ ਰੁਪਏ ਤੋਂ ਘਟ ਕੇ ਢਾਈ ਲੱਖ ਰੁਪਏ ਰਹਿ ਗਈ ਹੈ।

ਪੰਜਾਬ ਵਿੱਚ ਸੈਰ ਸਪਾਟੇ ਨੂੰ ਹੋਰ ਉਤਸ਼ਾਹਤ ਕਰਨ ਲਈ ਫਾਰਮ ਸਟੇਅ ਦੇ ਲਾਇਸੈਂਸ ਧਾਰਕਾਂ ਨੂੰ ਸ਼ਰਾਬ ਰੱਖਣ ਦੀ ਹੱਦ 12 ਕੁਆਰਟਸ (ਇੰਡੀਅਨ ਮੇਡ ਫੌਰਨ ਲਿਕਰ) ਤੋਂ ਵਧਾ ਕੇ 36 ਕੁਆਰਟਸ (ਆਈ.ਐਮ.ਐਫ.ਐਲ.) ਕਰ ਦਿੱਤੀ ਗਈ ਹੈ। ਇਸ ਦੇ ਨਾਲ ਹੀ ਬੀਅਰ, ਵਾਈਨ, ਜਿਨ, ਵੋਦਕਾ, ਬ੍ਰਾਂਡੀ, ਰੈਡੀ-ਟੂ-ਡਰਿੰਕ ਤੇ ਹੋਰ ਸ਼ਰਾਬ ਉਤਪਾਦ ਰੱਖਣ ਦੀ ਹੱਦ ਵਿੱਚ ਵੀ ਇਸੇ ਤਰ੍ਹਾਂ ਵਾਧਾ ਕੀਤਾ ਗਿਆ ਹੈ।

ਸਾਲ 2025-26 ਵਿੱਚ ਖਪਤਕਾਰਾਂ ਨੂੰ ਬਿਹਤਰ ਤਜਰਬਾ ਦੇਣ ਲਈ ਨਗਰ ਨਿਗਮ ਖੇਤਰਾਂ ਵਿੱਚ ਰਿਟੇਲ ਲਾਇਸੈਂਸਧਾਰਕਾਂ ਲਈ ਹਰੇਕ ਗਰੁੱਪ ਵਿੱਚ ਇਕ ਮਾਡਲ ਦੁਕਾਨ ਖੋਲ੍ਹਣਾ ਲਾਜ਼ਮੀ ਬਣਾਇਆ ਗਿਆ ਹੈ। ਅਲਕੋਹਲ ਦੀ ਘੱਟ ਮਾਤਰਾ ਵਾਲੇ ਸ਼ਰਾਬ ਉਤਪਾਦ ਜਿਵੇਂ ਬੀਅਰ, ਵਾਈਨ, ਰੈਡੀ-ਟੂ-ਡਰਿੰਕ ਦੀ ਖਪਤ ਨੂੰ ਉਤਸ਼ਾਹਤ ਕਰਨ ਲਈ ਸਟੈਂਡਅਲੋਨ (ਇਕਹਿਰੀ) ਬੀਅਰ ਸ਼ਾਪ ਦੀ ਫੀਸ ਪ੍ਰਤੀ ਸ਼ਾਪ ਦੋ ਲੱਖ ਰੁਪਏ ਤੋਂ ਘਟਾ ਕੇ 25000 ਰੁਪਏ ਪ੍ਰਤੀ ਸ਼ਾਪ ਕਰ ਦਿੱਤੀ ਗਈ ਹੈ। ਨਵੇਂ ਨਿਵੇਸ਼ ਨੂੰ ਹੁਲਾਰਾ ਦੇਣ ਲਈ ਪੰਜਾਬ ਵਿੱਚ ਨਵਾਂ ਬੋਟਲਿੰਗ ਪਲਾਂਟ ਸਥਾਪਤ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ। ਇਸੇ ਤਰ੍ਹਾਂ ਸ਼ਰਾਬ ਉਤੇ ਲਗਦੀ ਗਊ ਭਲਾਈ ਫੀਸ ਵਿੱਚ 50 ਫੀਸਦੀ ਵਾਧਾ ਕਰਨ ਦੀ ਪ੍ਰਵਾਨਗੀ ਵੀ ਦੇ ਦਿੱਤੀ ਹੈ ਜਿਸ ਨਾਲ ਹੁਣ ਇਹ ਫੀਸ ਇਕ ਰੁਪਏ ਪ੍ਰਤੀ ਪਰੂਫ ਲਿਟਰ ਤੋਂ ਵਧ ਕੇ ਡੇਢ ਰੁਪਏ ਪ੍ਰਤੀ ਪਰੂਫ ਲਿਟਰ ਹੋ ਗਿਆ ਹੈ। ਇਸ ਨਾਲ ਗਊ ਭਲਾਈ ਫੀਸ ਦੀ ਉਗਰਾਹੀ ਜੋ ਹੁਣ 16 ਕਰੋੜ ਰੁਪਏ ਹੈ, ਸਾਲ 2025-26 ਵਿੱਚ ਵਧ ਕੇ 24 ਕਰੋੜ ਰੁਪਏ ਹੋ ਜਾਵੇਗੀ। ਇਨਫੋਰਸਮੈਂਟ ਦੇ ਮੌਜੂਦਾ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਆਉਣ ਵਾਲੇ ਵਿੱਤੀ ਸਾਲ ਵਿੱਚ ਆਬਕਾਰੀ ਪੁਲਿਸ ਸਟੇਸ਼ਨ ਸਥਾਪਤ ਕਰਨ ਦੀ ਵੀ ਪ੍ਰਸਤਾਵ ਹੈ। ਕਾਰੋਬਾਰ ਨੂੰ ਸੁਖਾਲਾ ਬਣਾਉਣ ਨੂੰ ਉਤਸ਼ਾਹਤ ਕਰਨ ਲਈ ਸ਼ਰਾਬ ਦੇ ਬ੍ਰਾਂਡ ਜਿੱਥੇ ਐਕਸ-ਡਿਸਟਿਲ੍ਰੀ ਪ੍ਰਾਈਸ (ਟੈਕਸ ਤੇ ਹੋਰ ਲਾਗਤਾਂ ਤੋਂ ਪਹਿਲਾਂ ਡਿਸਟਿਲ੍ਰੀ ਵੱਲੋਂ ਥੋਕ ਵਿਕਰੇਤਾ ਨੂੰ ਵੇਚੀ ਜਾਣ ਵਾਲੀ ਸ਼ਰਾਬ ਦੀ ਕੀਮਤ) ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ, ਉਥੇ ਆਬਕਾਰੀ ਵਿਭਾਗ ਦੇ ਈ-ਆਬਕਾਰੀ ਪੋਰਟਲ ਰਾਹੀਂ ਬ੍ਰਾਂਡਾਂ ਦੀ ਆਟੋਮੈਟਿਕ ਮਨਜ਼ੂਰੀ ਦੀ ਸ਼ੁਰੂਆਤ

ਕੀਤੀ ਗਈ ਹੈ।

**"ਪੰਜਾਬ ਤੀਰਥ ਯਾਤਰਾ ਸਮਿਤੀ" ਦੇ ਗਠਨ ਨੂੰ ਪ੍ਰਵਾਨਗੀ**

ਵੱਖ-ਵੱਖ ਵਿਭਾਗਾਂ ਨਾਲ ਤਾਲਮੇਲ ਕਰਕੇ ਹਵਾਈ, ਰੇਲ, ਸੜਕੀ ਆਵਾਜਾਈ ਅਤੇ ਹੋਰ ਸੰਭਾਵੀ ਤਰੀਕਿਆਂ ਰਾਹੀਂ ਪੰਜਾਬ ਵਾਸੀਆਂ ਨੂੰ ਆਰਾਮਦਾਇਕ ਤੀਰਥ ਯਾਤਰਾ ਕਰਵਾਉਣ ਦੇ ਮਕਸਦ ਨਾਲ ਕੈਬਨਿਟ ਨੇ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਅਧੀਨ "ਪੰਜਾਬ ਤੀਰਥ ਯਾਤਰਾ ਸਮਿਤੀ" ਦੇ ਗਠਨ ਨੂੰ ਵੀ ਸਹਿਮਤੀ ਦੇ ਦਿੱਤੀ। ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਨੇ ਸਾਲ 2023-24 ਵਿੱਚ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਦੀ ਸ਼ੁਰੂਆਤ ਕੀਤੀ ਸੀ ਅਤੇ ਰੇਲ ਗੱਡੀ/ਬੱਸਾਂ ਰਾਹੀਂ ਤਕਰੀਬਨ 34 ਹਜ਼ਾਰ ਸ਼ਰਧਾਲੂ ਵੱਖ-ਵੱਖ ਤੀਰਥ ਸਥਾਨਾਂ ਦੀ ਯਾਤਰਾ ਕਰ ਚੁੱਕੇ ਹਨ। "ਪੰਜਾਬ ਤੀਰਥ ਯਾਤਰਾ ਸਮਿਤੀ" ਇਸ ਸਕੀਮ ਅਧੀਨ ਯਾਤਰਾ ਪ੍ਰਬੰਧਾਂ ਨੂੰ ਕੁਸ਼ਲ ਤੇ ਸੁਚਾਰੂ ਬਣਾਉਣ ਦਾ ਕੰਮ ਦੇਖੇਗੀ।

**ਸਰਕਾਰੀ ਵਿਭਾਗਾਂ ਤੇ ਸੰਸਥਾਵਾਂ ਲਈ ਡਿਜੀਟਲ ਦਸਤਖ਼ਤ ਮੁਹੱਈਆ ਕਰਨ ਲਈ ਪੀ.ਆਈ.ਸੀ.ਟੀ.ਸੀ. ਇਕੋ-ਇਕ ਏਜੰਸੀ ਮਨੋਨੀਤ**

ਕੈਬਨਿਟ ਨੇ ਪੰਜਾਬ ਇਨਫੋਰਮੇਸ਼ਨ ਐਂਡ ਕਮਿਊਨੀਕੇਸ਼ਨ ਤਕਨਾਲੋਜੀ ਕਾਰਪੋਰੇਸ਼ਨ ਲਿਮੀਟਿਡ (ਪੀ.ਆਈ.ਸੀ.ਟੀ.ਸੀ.) ਨੂੰ ਸਰਕਾਰੀ ਵਿਭਾਗਾਂ ਤੇ ਸੰਸਥਾਵਾਂ ਲਈ ਡਿਜੀਟਲ ਦਸਤਖ਼ਤ ਮੁਹੱਈਆ ਕਰਨ ਲਈ ਇਕੋ-ਇਕ ਏਜੰਸੀ ਮਨੋਨੀਤ ਕਰਨ ਨੂੰ ਹਰੀ ਝੰਡੀ ਦੇ ਦਿੱਤੀ। ਕਾਰਪੋਰੇਸ਼ਨ ਨੂੰ 'ਪੰਜਾਬ ਟਰਾਂਸਪੇਰੈਂਸੀ ਇਨ ਪਬਲਿਕ ਪ੍ਰੋਕਿਉਰਮੈਂਟ ਐਕਟ, 2019' ਦੀਆਂ ਤਜਵੀਜ਼ਾਂ ਨੂੰ ਧਿਆਨ ਵਿੱਚ ਰੱਖਦਿਆਂ ਆਈ.ਟੀ. ਅਤੇ ਆਈ.ਟੀ.ਈ.ਜੀ. ਦੀ ਖ਼ਰੀਦ ਲਈ ਵੀ ਮਨੋਨੀਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਸੁਚੱਜਾ ਪ੍ਰਸ਼ਾਸਨ ਵਿਭਾਗ ਅਤੇ ਸੂਚਨਾ ਤਕਨਾਲੋਜੀ (ਜਿਸ ਨੂੰ ਪਹਿਲਾਂ ਪ੍ਰਸ਼ਾਸਨਿਕ ਸੁਧਾਰ ਵਿਭਾਗ ਵਜੋਂ ਜਾਣਿਆ ਜਾਂਦਾ ਸੀ) ਅਤੇ ਪੰਜਾਬ ਇਨਫੋਟੈੱਕ ਵਿਚਾਲੇ ਜ਼ਿੰਮੇਵਾਰੀਆਂ ਦੀ ਵੰਡ ਨੂੰ ਵੀ ਰਸਮੀ ਰੂਪ ਦੇ ਦਿੱਤਾ ਗਿਆ। ਇਨ੍ਹਾਂ ਪ੍ਰਵਾਨਗੀਆਂ ਨਾਲ ਸ਼ਾਸਨ ਤੇ ਖ਼ਰੀਦ ਪ੍ਰਬੰਧ ਵਿੱਚ ਸੁਧਾਰ, ਡਿਜੀਟਲ ਤਬਦੀਲੀ ਨੂੰ ਉਤਸ਼ਾਹ ਅਤੇ ਜਨਤਕ ਸੇਵਾਵਾਂ ਵਿੱਚ ਕਾਰਜਕੁਸ਼ਲਤਾ ਆਉਣ ਦੀ ਸੰਭਾਵਨਾ ਹੈ।

**ਜਲ (ਬਚਾਅ ਤੇ ਪ੍ਰਦੂਸ਼ਣ ਦੀ ਰੋਕਥਾਮ) ਸੋਧ ਐਕਟ, 2024 ਨੂੰ ਅਪਨਾਉਣ ਦੀ ਸਹਿਮਤੀ**

ਕੈਬਨਿਟ ਨੇ ਭਾਰਤੀ ਸੰਵਿਧਾਨ ਦੀ ਧਾਰਾ 252 ਦੇ ਨਿਯਮ (1), ਜਿਸ ਨੂੰ ਨਿਯਮ (2) ਨਾਲ ਪੜ੍ਹਿਆ ਜਾਵੇ, ਦੀ ਲਗਾਤਾਰਤਾ ਵਿੱਚ ਭਾਰਤੀ ਸੰਸਦ ਵੱਲੋਂ ਬਣਾਏ ਜਲ (ਬਚਾਅ ਤੇ ਪ੍ਰਦੂਸ਼ਣ ਦੀ ਰੋਕਥਾਮ) ਸੋਧ ਐਕਟ, 2024 ਨੂੰ ਲਾਗੂ ਕਰਨ ਲਈ ਹਰੀ ਝੰਡੀ ਦੇ ਦਿੱਤੀ। ਇਹ ਐਕਟ ਫੌਜਦਾਰੀ ਜਵਾਬਦੇਹੀ ਦੀ ਥਾਂ ਵਿੱਤੀ ਜੁਰਮਾਨਿਆਂ ਦੀ ਤਜਵੀਜ਼ ਕਰਦਾ ਹੈ ਅਤੇ ਇਹ ਤੈਅ ਕਰਦਾ ਹੈ ਕਿ ਇਸ ਐਕਟ ਦੀ ਪਾਲਣਾ ਨਾ ਕਰਨ ਉਤੇ ਸਮਰੱਥ ਅਧਿਕਾਰੀ ਰਾਹੀਂ ਵਿੱਤੀ ਜੁਰਮਾਨਾ ਲਗਾਇਆ ਜਾਵੇਗਾ। ਜਲ

(ਬਚਾਅ ਤੇ ਪ੍ਰਦੂਸ਼ਣ ਦੀ ਰੋਕਥਾਮ) ਸੋਧ ਐਕਟ, 2024 ਸੁਭਾਅ ਪੱਖੋਂ ਪ੍ਰਗਤੀਸ਼ੀਲ ਹੈ। ਇਸ ਕਰਕੇ ਪੰਜਾਬ ਸਰਕਾਰ ਵੱਲੋਂ ਇਸ ਨੂੰ ਅਪਣਾਇਆ ਗਿਆ ਹੈ ਕਿਉਂਕਿ ਇਹ ਛੋਟੇ ਅਪਰਾਧਾਂ ਨੂੰ ਜੁਰਮਾਂ ਦੀ ਸ਼੍ਰੇਣੀ ਵਿੱਚੋਂ ਕੱਢ ਕੇ ਤਰਕਸੰਗਤ ਬਣਾਉਂਦਾ ਹੈ, ਜਿਸ ਨਾਲ ਕਾਰੋਬਾਰ ਤੇ ਠਹਿਰ ਨੂੰ ਸੁਖਾਲਾ ਕਰਨ ਵਿੱਚ ਮਦਦ ਮਿਲੇਗੀ।

ਪੰਜਾਬ ਜਨਮ ਤੇ ਮੌਤ ਰਜਿਸਟਰੇਸ਼ਨ (ਸੋਧ) ਨਿਯਮ, 2025 ਵਿੱਚ ਸੋਧਾਂ ਨੂੰ ਮਨਜ਼ੂਰੀ
ਪੰਜਾਬ ਵਿੱਚ ਜਨਮ ਤੇ ਮੌਤ ਦੀ ਰਜਿਸਟਰੇਸ਼ਨ ਦੇ ਕੰਮ ਨੂੰ ਸੁਚਾਰੂ ਬਣਾਉਣ ਲਈ ਕੈਬਨਿਟ ਨੇ ਪੰਜਾਬ ਜਨਮ ਤੇ ਮੌਤ ਰਜਿਸਟਰੇਸ਼ਨ (ਸੋਧ) ਨਿਯਮ, 2025 ਵਿੱਚ ਕਈ ਸੋਧਾਂ ਨੂੰ ਪ੍ਰਵਾਨਗੀ ਦੇ ਦਿੱਤੀ। ਜ਼ਿਕਰਯੋਗ ਹੈ ਕਿ ਕੇਂਦਰ ਸਰਕਾਰ ਵੱਲੋਂ ਜਨਮ ਤੇ ਮੌਤ ਰਜਿਸਟਰੇਸ਼ਨ ਐਕਟ, 1969 ਵਿੱਚ ਜਨਮ ਤੇ ਮੌਤ ਰਜਿਸਟਰੇਸ਼ਨ ਐਕਟ, 2023 ਵਜੋਂ ਕੀਤੀ ਸੋਧ ਦੇ ਮੱਦੇਨਜ਼ਰ ਸੂਬਾ ਸਰਕਾਰ ਨੇ ਕੇਂਦਰ ਸਰਕਾਰ ਵੱਲੋਂ ਭੇਜੇ ਜਨਮ ਤੇ ਮੌਤ ਦੀ ਮਾਡਲ ਰਜਿਸਟਰੇਸ਼ਨ (ਸੋਧ) ਨਿਯਮ, 2024 ਦੇ ਆਧਾਰ ਉਤੇ ਪੰਜਾਬ ਜਨਮ ਤੇ ਮੌਤ ਰਜਿਸਟਰੇਸ਼ਨ (ਸੋਧ) ਨਿਯਮ, 2025 ਤਿਆਰ ਕੀਤਾ ਹੈ। ਇਸ ਨਾਲ ਇਸ ਟੈਕਟ ਵਿੱਚ ਇਕ ਰੂਪਤਾ ਆਵੇਗੀ ਅਤੇ ਲੋਕਾਂ ਨੂੰ ਵੱਡੇ ਪੱਧਰ ਉਤੇ ਫਾਇਦਾ ਹੋਵੇਗਾ।

ਪੰਜਾਬ ਰਾਜ ਐਨ.ਆਰ.ਆਈਜ਼. ਕਮਿਸ਼ਨ ਦੀ ਪ੍ਰਸ਼ਾਸਕੀ ਰਿਪੋਰਟ ਨੂੰ ਪ੍ਰਵਾਨਗੀ
ਕੈਬਨਿਟ ਨੇ ਪੰਜਾਬ ਰਾਜ ਐਨ.ਆਰ.ਆਈਜ਼. ਕਮਿਸ਼ਨ ਦੀ ਸਾਲ 2022-23 ਲਈ ਆਡਿਟ ਰਿਪੋਰਟ ਦੇ ਨਾਲ-ਨਾਲ ਸਾਲਾਨਾ ਪ੍ਰਸ਼ਾਸਕੀ ਰਿਪੋਰਟ ਨੂੰ ਵੀ ਮਨਜ਼ੂਰੀ ਦੇ ਦਿੱਤੀ।

ਓ.ਐਸ.ਡੀ. (ਲਿਟੀਗੇਸ਼ਨ) ਦੀ ਆਸਾਮੀ ਨੂੰ ਮਨਜ਼ੂਰੀ
ਕੈਬਨਿਟ ਨੇ ਪਰਸੋਨਲ ਵਿਭਾਗ ਵਿੱਚ ਆਫਿਸਰ ਆਨ ਸਪੈਸ਼ਲ ਡਿਊਟੀ (ਲਿਟੀਗੇਸ਼ਨ) ਦੀ ਆਰਜ਼ੀ ਆਸਾਮੀ ਕਾਇਮ ਕਰਨ ਦੀ ਵੀ ਪ੍ਰਵਾਨਗੀ ਦੇ ਦਿੱਤੀ।
----------

**मुख्यमंत्री के नेतृत्व में कैबिनेट ने नई आबकारी नीति-2025-26 को दी मंजूरी**

**नई आबकारी नीति में बीते साल की तुलना में 8.61 प्रतिशत की वृद्धि करके 11020 करोड़ रुपए का आबकारी राजस्व इकट्ठा करने का लक्ष्य**

**भगवंत मान सरकार के दौरान राज्य में दृढ़ता से बढ़ रहा आबकारी राजस्व**

**अकाली सरकार के समय केवल 4405 करोड़ रुपए जबकि कांग्रेस सरकार के समय 6254 करोड़ रुपए का राजस्व एकत्र होता था**

**चंडीगढ़, 27 फरवरी**

मुख्यमंत्री भगवंत सिंह मान के नेतृत्व में मंत्रिमंडल ने वर्ष 2025-26 के लिए आबकारी नीति को मंजूरी दे दी है। इस नीति का उद्देश्य वर्ष 2025-26 के दौरान 11020 करोड़ रुपए का आबकारी राजस्व इकट्ठा करना है जो कि पिछले वित्तीय वर्ष की तुलना में 874.05 करोड़ रुपए (8.61 प्रतिशत) अधिक है। इस बारे में निर्णय आज यहां मुख्यमंत्री के नेतृत्व में उनके सरकारी निवास पर मंत्रिमंडल की बैठक के दौरान लिया गया।

इस घोषणा के दौरान मुख्यमंत्री कार्यालय के एक प्रवक्ता ने बताया कि वर्ष 2024-25 की आबकारी नीति के दौरान 10,145 करोड़ रुपए का लक्ष्य रखा गया था और राज्य सरकार ने अब तक 10,200 करोड़ रुपए का राजस्व इकट्ठा कर लिया है। मौजूदा सरकार के दौरान राज्य के आबकारी राजस्व में दृढ़ता से वृद्धि हो रही है क्योंकि पहली बार आबकारी राजस्व 10,000 करोड़ रुपए को पार कर चुका है। यहां यह उल्लेखनीय है कि अकाली-भाजपा सरकार के अंतिम वर्ष में आबकारी राजस्व केवल 4405 करोड़ रुपए था जबकि पिछली कांग्रेस सरकार के अंतिम वर्ष के दौरान आबकारी से मात्र 6151 करोड़ रुपए का राजस्व इकट्ठा हुआ था।

नई नीति में यह भी व्यवस्था की गई है कि मौजूदा रिटेल कारोबार को संतुलित करने के लिए और बेहतर एवं व्यापक साझेदारी को सुनिश्चित करने का अवसर प्रदान करने के लिए वर्ष 2025-26 के लिए एल-2/एल-14ए रिटेल ठेकों की नई अलॉटमेंट ई-टेंडर के माध्यम से की जाएगी। वर्ष 2024-25 के लिए ग्रुप का आकार 40 करोड़ रखा गया है। अतिरिक्त राजस्व जुटाने और देसी शराब (पंजाब मीडियम लिकर) के कोटे में पिछले साल की तुलना में तीन प्रतिशत की वृद्धि की गई है जिससे देसी शराब का कोटा 8.534 करोड़ प्रूफ लीटर रखा गया है। आबकारी नीति, 2025-26 में देसी शराब की दरों में वृद्धि नहीं की गई। भारतीय सेना और सशस्त्र बलों को राहत देने के लिए उनके थोक लाइसेंस की लाइसेंस फीस 50 प्रतिशत घटा दी गई है जो अब पांच लाख रुपए से घटकर ढाई लाख रुपए रह गई है। पंजाब में पर्यटन को और अधिक प्रोत्साहित करने के लिए फार्म स्टे के लाइसेंस धारकों को शराब रखने की सीमा 12 क्वार्ट्स (इंडियन मेड फॉरेन लिकर) से बढ़ाकर 36 क्वार्ट्स (आई.एम.एफ.एल.) कर दी गई है। इसके साथ ही बीयर, वाइन, जिन, वोडका, ब्रांडी, रेडी-टू-ड्रिंक और अन्य शराब उत्पाद रखने की सीमा में भी इसी प्रकार से वृद्धि की गई है।

वर्ष 2025-26 में उपभोक्ताओं को बेहतर अनुभव देने के लिए नगर निगम क्षेत्रों में रिटेल लाइसेंसधारकों के लिए प्रत्येक ग्रुप में एक मॉडल दुकान खोलना अनिवार्य बनाया गया है। अल्कोहल की कम मात्रा वाले शराब उत्पाद जैसे बीयर, वाइन, रेडी-टू-ड्रिंक की खपत को प्रोत्साहित करने के लिए स्टैंडअलोन (इकहरी) बीयर शॉप की फीस प्रति शॉप दो लाख रुपये से घटाकर 25000 रुपए प्रति शॉप कर दी गई है। नए निवेश

को प्रोत्साहित करने के लिए पंजाब में नया बॉटलिंग प्लांट स्थापित करने की अनुमति दे दी गई है। इसी तरह शराब पर लगने वाली गौ भलाई फीस में 50 प्रतिशत वृद्धि करने की अनुमति भी दे दी गई है जिससे अब यह फीस एक रुपए प्रति प्रूफ लीटर से बढ़कर डेढ़ रुपए प्रति प्रूफ लीटर हो गई है। इससे गौ भलाई फीस की उगाही जो अब 16 करोड़ रुपए है, वर्ष 2025-26 में बढ़कर 24 करोड़ रुपए हो जाएगी। प्रवर्तन की मौजूदा संरचना को और मजबूत करने के लिए आने वाले वित्तीय वर्ष में आबकारी पुलिस स्टेशन स्थापित करने का भी प्रस्ताव है। कारोबार को सरल बनाने को प्रोत्साहित करने के लिए शराब के ब्रांड जहां एक्स-डिस्टिलरी प्राइस (टैक्स और अन्य लागतों से पहले डिस्टिलरी द्वारा थोक विक्रेता को बेची जाने वाली शराब की कीमत) में कोई वृद्धि नहीं की गई है, वहीं आबकारी विभाग के ई-आबकारी पोर्टल के माध्यम से ब्रांडों की ऑटोमैटिक मंजूरी की शुरुआत की गई है।

"पंजाब तीर्थ यात्रा समिति" के गठन को मंजूरी विभिन्न विभागों के साथ तालमेल करके हवाई, रेल, सड़क आवागमन और अन्य संभावित तरीकों के माध्यम से पंजाबवासियों को आरामदायक तीर्थ यात्रा करवाने के उद्देश्य से कैबिनेट ने मुख्यमंत्री तीर्थ यात्रा योजना के तहत "पंजाब तीर्थ यात्रा समिति" के गठन को भी सहमति दे दी। उल्लेखनीय है कि पंजाब सरकार ने वर्ष 2023-24 में मुख्यमंत्री तीर्थ यात्रा योजना की शुरुआत की थी और रेलगाड़ी/बसों के माध्यम से लगभग 34 हजार श्रद्धालु विभिन्न तीर्थ स्थानों की यात्रा कर चुके हैं। "पंजाब तीर्थ यात्रा समिति" इस योजना के तहत यात्रा प्रबंधों को कुशल एवं सुचारू बनाने का कार्य देखेगी।

सरकारी विभागों और संस्थाओं के लिए डिजिटल हस्ताक्षर उपलब्ध कराने हेतु पी.आई.सी.टी.सी. एकमात्र एजेंसी नामित

कैबिनेट ने पंजाब इंफॉर्मेशन एंड कम्युनिकेशन टेक्नोलॉजी कॉर्पोरेशन लिमिटेड (पी.आई.सी.टी.सी.) को सरकारी विभागों और संस्थाओं के लिए डिजिटल हस्ताक्षर उपलब्ध कराने हेतु एकमात्र एजेंसी नामित करने को हरी झंडी दे दी। कॉर्पोरेशन को 'पंजाब ट्रांसपेरेंसी इन पब्लिक प्रोक्योरमेंट एक्ट, 2019' की सिफारिशों को ध्यान में रखते हुए आई.टी. और आई.टी.ई.जी. की खरीद के लिए भी नामित किया गया है। इसके अलावा सुशासन विभाग और सूचना प्रौद्योगिकी (जिसे पहले प्रशासनिक सुधार विभाग के रूप में जाना जाता था) और पंजाब इन्फोटेक के बीच जिम्मेदारियों का औपचारिक रूप से विभाजन कर दिया गया है। इन मंजूरियों से शासन और खरीद प्रबंधन में सुधार, डिजिटल परिवर्तन को प्रोत्साहन और जनसाधारण सेवाओं में कार्यकुशलता आने की संभावना है।

जल (संरक्षण और प्रदूषण की रोकथाम) संशोधन अधिनियम, 2024 को अपनाने की सहमति

कैबिनेट ने भारतीय संविधान की धारा 252 के नियम (1), जिसे नियम (2) के साथ पढ़ा जाए, की निरंतरता में भारतीय संसद द्वारा बनाए जल (संरक्षण और प्रदूषण की रोकथाम) संशोधन अधिनियम, 2024 को लागू करने के लिए हरी झंडी दे दी। यह अधिनियम फौजदारी उत्तरदायित्व के स्थान पर वित्तीय जुर्मानों का प्रस्ताव करता है और यह निर्धारित करता है कि इस अधिनियम के अनुपालन न करने पर सक्षम अधिकारी के माध्यम से वित्तीय जुर्माना लगाया जाएगा। जल (संरक्षण और प्रदूषण की रोकथाम) संशोधन अधिनियम, 2024 स्वभावतः प्रगतिशील है। इस कारण पंजाब सरकार द्वारा इसे अपनाया गया है क्योंकि यह छोटे अपराधों को अपराधों की श्रेणी से निकाल कर तार्किक बनाता है, जिससे कारोबार और ठहर को सरल बनाने में मदद मिलेगी।

**पंजाब जन्म और मृत्यु पंजीकरण (संशोधन) नियम, 2025 में संशोधनों को मंज़ूरी**

पंजाब में जन्म और मृत्यु की पंजीकरण के कार्य को सुचारू बनाने के लिए कैबिनेट ने पंजाब जन्म और मृत्यु पंजीकरण (संशोधन) नियम, 2025 में कई संशोधनों को मंजूरी दे दी। उल्लेखनीय है कि केंद्र सरकार द्वारा जन्म और मृत्यु पंजीकरण अधिनियम, 1969 में जन्म और मृत्यु पंजीकरण अधिनियम, 2023 के रूप में किए गए संशोधन के मद्देनजर राज्य सरकार ने केंद्र सरकार द्वारा भेजे जन्म और मृत्यु के मॉडल पंजीकरण (संशोधन) नियम, 2024 के आधार पर पंजाब जन्म और मृत्यु पंजीकरण (संशोधन) नियम, 2025 तैयार किया है। इससे इस अधिनियम में एकरूपता आएगी और लोगों को बड़े स्तर पर लाभ होगा।

**पंजाब राज्य एन.आर.आईज़. कमीशन की प्रशासनिक रिपोर्ट को मंज़ूरी**

कैबिनेट ने पंजाब राज्य एन.आर.आईज़. कमीशन की वर्ष 2022-23 के लिए ऑडिट रिपोर्ट के साथ-साथ वार्षिक प्रशासनिक रिपोर्ट को भी मंजूरी दे दी।

**ओ.एस.डी. (लिटिगेशन) के पद को मंज़ूरी**

कैबिनेट ने कार्मिक विभाग में अधिकारी ऑन स्पेशल ड्यूटी (लिटिगेशन) के अस्थायी पद को कायम रखने को भी मंजूरी दे दी।

-------------